# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 19-12-2024**

- ਡਾਕਟਰ ਭੀਮ ਰਾਓ ਅੰਬੇਡਕਰ ਬਾਰੇ, ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਟਿੱਪਣੀ ਨੂੰ ਲੈ ਕੇ, ਵਿਰੋਧੀ ਪਾਰਟੀਆਂ ਦੇ ਹੰਗਾਮੇ ਕਾਰਨ, ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਹੋਈ।
- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਆਧੁਨਿਕ ਜੰਗ ਦੇ ਬਦਲਦੇ ਤਰੀਕਿਆਂ ਨਾਲ ਤਾਲਮੇਲ ਰੱਖਣ ਲਈ, ਉੱਚ ਪੱਧਰੀ ਤਕਨੀਕਾਂ ਨੂੰ ਅਪਣਾਉਣ 'ਤੇ ਜ਼ੋਰ ਦਿੱਤਾ।
- ਦੇਸ਼ ਵਿਆਪੀ ਮੁਹਿੰਮ 'ਪ੍ਰਸ਼ਾਸਨ ਗਾਓਂ ਕੀ ਔਰ' ਤਹਿਤ, ਪੰਜਾਬ ਸਰਕਾਰ ਵੱਲੋਂ, ਸੂਬੇ ਵਿੱਚ ਅੱਜ ਤੋਂ 24 ਦਸੰਬਰ ਤੱਕ ‘ਸੁਸਾਸ਼ਨ ਹਫਤੇ ’ ਦੀ ਸ਼ੁਰੂਆਤ।

- ਸ਼ਤਰੰਜ ਖਿਡਾਰੀ ਡੀ. ਗੁਕੇਸ਼ ਲਈ, ਸ਼ਤਰੰਜ ਦੇ ਮੋਹਰੇ ਬਣਾਉਣ ਵਾਲੇ, ਅੰਮ੍ਰਿਤਸਰ ਦੇ ਕਾਰੀਗਰਾਂ ਨੂੰ ਜ਼ਿਲਾ ਪ੍ਰਸ਼ਾਸ਼ਨ ਨੇ ਕੀਤਾ ਸਨਮਾਨਿਤ ।

---------------------------------------------------------------

ਡਾਕਟਰ ਭੀਮ ਰਾਓ ਅੰਬੇਡਕਰ ਬਾਰੇ, ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਟਿੱਪਣੀ ਨੂੰ ਲੈ ਕੇ, ਵਿਰੋਧੀ ਪਾਰਟੀਆਂ ਦੇ ਹੰਗਾਮੇ ਕਾਰਨ, ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ ਏ । ਅੱਜ ਸਵੇਰੇ ਜਦੋਂ ਲੋਕ ਸਭਾ ਦੀ ਕਾਰਵਾਈ ਸ਼ੁਰੂ ਹੋਈ, ਤਾਂ ਵਿਰੋਧੀ ਪਾਰਟੀਆਂ ਕਾਂਗਰਸ, DMK, ਸਮਾਜਵਾਦੀ ਪਾਰਟੀ ਸਮੇਤ ਹੋਰਨਾਂ ਪਾਰਟੀਆਂ ਨੇ, ਗ੍ਰਹਿ ਮੰਤਰੀ ਦੀ ਟਿੱਪਣੀ ਨੂੰ ਲੈ ਕੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ । ਵਿਰੋਧ ਕਰ ਰਹੇ ਕੁਝ ਸੰਸਦ ਮੈਂਬਰ ਸਦਨ ਦੇ ਵਿਚਕਾਰ ਆ ਗਏ। ਇਸ ਰੌਲੇ-ਰੱਪੇ ਦਰਮਿਆਨ ਸਪੀਕਰ ਓਮ ਬਿਰਲਾ ਨੇ ਸਦਨ ਦੀ ਕਾਰਵਾਈ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤੀ । ਓਧਰ ਰਾਜ ਸਭਾ ਵਿੱਚ ਵੀ ਅਜਿਹਾ ਹੀ ਕੁਝ ਦੇਖਣ ਨੂੰ ਮਿਲਿਆ । ਜਦੋਂ ਸਦਨ ਦੀ ਕਾਰਵਾਈ ਸ਼ੁਰੂ ਹੋਈ ਤਾਂ ਚੇਅਰਮੈਨ ਜਗਦੀਪ ਧਨਖੜ ਨੇ, ਅਮਿਤ

ਸ਼ਾਹ ਦੀ ਟਿੱਪਣੀ ਅਤੇ ਹੋਰ ਮੁੱਦਿਆਂ ਨੂੰ ਲੈ ਕੇ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਦੇ ਮੁਲਤਵੀ ਮਤੇ ਨੂੰ ਰੱਦ ਕਰ ਦਿੱਤਾ। ਕਾਂਗਰਸ, DMK, ਆਮ ਆਦਮੀ ਪਾਰਟੀ, ਸਮਾਜਵਾਦੀ ਪਾਰਟੀ, ਰਾਸ਼ਟਰੀ ਜਨਤਾ ਦਲ, ਖੱਬੇ ਪੱਖੀ ਪਾਰਟੀਆਂ ਅਤੇ ਹੋਰ ਵਿਰੋਧੀ ਪਾਰਟੀਆਂ ਦੇ ਸੰਸਦ ਮੈਂਬਰਾਂ ਨੇ, ਗ੍ਰਿਹ ਮੰਤਰੀ ਖਿਲਾਫ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਚੇਅਰਮੈਨ ਨੇ ਸਦਨ ਦੀ ਮਰਿਆਦਾ ਬਰਕਰਾਰ ਰੱਖਣ ਦੀ ਤਾਕੀਦ ਕੀਤੀ। ਇਸ ਤੋਂ ਬਾਅਦ, ਉਨ੍ਹਾਂ ਸਦਨ ਦੀ ਕਾਰਵਾਈ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤੀ । 2 ਵਜੇ ਤੋਂ ਬਾਅਦ ਕਾਰਵਾਈ ਮੁੜ ਸ਼ੁਰੂ ਹੋਈ। ਵਿਰੋਧੀ ਧਿਰ ਦੇ ਮੈਂਬਰਾਂ ਦਾ ਹੰਗਾਮਾ ਜਾਰੀ ਰਹਿਣ ਕਾਰਨ ਚੇਅਰਮੈਨ ਨੇ ਸਦਨ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ।

-----------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਆਧੁਨਿਕ ਜੰਗ ਦੇ ਬਦਲਦੇ ਤਰੀਕਿਆਂ ਨਾਲ ਤਾਲਮੇਲ ਰੱਖਣ ਲਈ ਉੱਚ ਪੱਧਰੀ ਤਕਨੀਕਾਂ ਨੂੰ ਅਪਣਾਉਣ 'ਤੇ ਜ਼ੋਰ ਦਿੱਤਾ ਏ। ਅੱਜ ਨਵੀਂ ਦਿੱਲੀ ਵਿੱਚ ਇੱਕ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ, ਰੱਖਿਆ ਮੰਤਰੀ ਨੇ ਕਿਹਾ ਕਿ ਦੇਸ਼ ਰੱਖਿਆ

ਖੇਤਰ ਵਿੱਚ ਆਤਮ-ਨਿਰਭਰ ਬਣਨ ਵੱਲ ਤੇਜ਼ੀ ਨਾਲ ਅੱਗੇ ਵੱਧ ਰਿਹਾ ਏ।

---------------------------------------------------

ਕੇਂਦਰੀ ਸਿਹਤ ਸਕੱਤਰ ਪੁੰਨਿਆ ਸਲੀਲਾ ਸ੍ਰੀ-ਵਾਸਤਵ ਨੇ ਕਿਹਾ ਏ ਕਿ ਦੇਸ਼ ਦੀ ਵੱਡੀ ਆਬਾਦੀ ਦਾ ਫਾਇਦਾ ਉਠਾਉਣ, ਕਾਡਾਂ ਨੂੰ ਉਤਸ਼ਾਹਿਤ ਕਰਨ ਅਤੇ ਵਿਕਾਸ ਨੂੰ ਯਕੀਨੀ ਬਣਾਉਣ ਲਈ, ਸਿਹਤ ਸੇਵਾਵਾਂ ਅਤੇ ਮਿਆਰੀ ਸਿੱਖਿਆ ਵਿੱਚ ਨਿਵੇਸ਼ ਜ਼ਰੂਰੀ ਏ। ਨਵੀਂ ਦਿੱਲੀ ਵਿੱਚ ਸਾਲਾਨਾ ਸਿਹਤ ਸੰਮੇਲਨ ਨੂੰ ਸੰਬੋਧਿਤ ਕਰਦੇ ਹੋਏ, ਸ਼੍ਰੀਮਤੀ ਸ਼੍ਰੀਵਾਸਤਵ ਨੇ ਜ਼ਿਕਰ ਕੀਤਾ ਕਿ ਭਾਰਤ ਦਾ ਸਿਹਤ ਸੰਭਾਲ ਏਜੰਡਾ, ਹਰ ਨਾਗਰਿਕ ਲਈ, ਸਿਹਤ ਸੰਭਾਲ ਨੂੰ ਕਿਫਾਇਤੀ, ਤੇ ਪਹੁੰਚਯੋਗ ਬਣਾਉਣ 'ਤੇ ਕੇਂਦਰਿਤ ਏ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਸਿਹਤ ਸੰਭਾਲ ਖੇਤਰ ਸਾਲ 2047 ਤੱਕ ਇੱਕ ਵਿਕਸਤ ਦੇਸ਼ ਬਣਨ ਦੇ ਭਾਰਤ ਦੇ ਦ੍ਰਿਸ਼ਟੀਕੋਣ ਦਾ ਇੱਕ ਮਹੱਤਵਪੂਰਨ ਹਿੱਸਾ ਏ। ਸ਼੍ਰੀਵਾਸਤਵ ਨੇ ਕਿਹਾ ਕਿ ਨਿੱਜੀ ਖੇਤਰ ਸਿਹਤ ਸੰਭਾਲ, ਖਾਸ ਕਰਕੇ ਟੀਅਰ-2 ਅਤੇ ਟੀਅਰ-3 ਸ਼ਹਿਰਾਂ ਵਿੱਚ, ਕਦਰਾਂ ਕੀਮਤਾਂ ਤੇ ਅਧਾਰਿਤ ਦੇਖਭਾਲ ਮਾਡਲ ਅਤੇ

ਤਕਨੀਕੀ ਨਵੀਨਤਾਵਾਂ ਦੇ ਮਾਧਿਅਮ ਨਾਲ ਬਦਲਣ ਵਿੱਚ ਮੁੱਖ ਭੂਮਿਕਾ ਨਿਭਾਉਂਦਾ ਏ । ਉਨ੍ਹਾਂ ਉਦਯੋਗਪਤੀਆਂ ਨੂੰ ਟੀਬੀ ਮੁਕਤ ਭਾਰਤ ਦੇ ਸਰਕਾਰੀ ਟੀਚੇ ਵਿੱਚ ਯੋਗਦਾਨ ਪਾਉਣ ਲਈ ਵੀ ਕਿਹਾ ।

---------------------------------------------------------

ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੀ ਦੇਸ਼ ਵਿਆਪੀ ਮੁਹਿੰਮ 'ਪ੍ਰਸ਼ਾਸਨ ਗਾਓਂ ਕੀ ਔਰ' ਤਹਿਤ, ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਅੱਜ ਤੋਂ 24 ਦਸੰਬਰ ਤੱਕ ‘ਸੁਸਾਸ਼ਨ ਸਪਤਾਹ’ ਮਨਾਇਆ ਜਾ ਰਿਹਾ ਏ । ਫਰੀਦਕੋਟ ਦੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ  ਨਰਭਿੰਦਰ ਸਿੰਘ ਗਰੇਵਾਲ ਨੇ ਦਸਿਆ ਕਿ ਇਸ ਤਹਿਤ ਜ਼ਿਲ੍ਹੇ ਵਿੱਚ ਵਿਸ਼ੇਸ਼ ਕੈਂਪ ਲਗਾਏ ਜਾਣਗੇ । ਉਨ੍ਹਾਂ ਕਿਹਾ ਕਿ ਜਨਤਕ ਸ਼ਿਕਾਇਤ ਨਿਵਾਰਣ ਪ੍ਰਣਾਲੀ ਪੋਰਟਲ 'ਤੇ ਬਕਾਇਆ ਸ਼ਿਕਾਇਤਾਂ ਦਾ ਨਿਪਟਾਰਾ 12 ਘੰਟੇ ਦੇ ਅੰਦਰ ਕਰਨਾ ਅਧਿਕਾਰੀਆਂ ਵੱਲੋਂ ਯਕੀਨੀ ਬਣਾਇਆ ਜਾਵੇ । ਉਨ੍ਹਾਂ ਕਿਹਾ ਕਿ ਸਾਰੇ ਵਿਭਾਗ ਸੁਸਾਸ਼ਨ ਹਫਤੇ ਦੌਰਾਨ, ਵਿਸ਼ੇਸ਼ ਮੁਹਿੰਮ ਚਲਾਉਣ ਅਤੇ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਲੋਕਾਂ ਨੂੰ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਦੇਣਗੇ

ਓਧਰ ਗੁਰਦਾਸਪੁਰ  ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਤਹਿਤ,  ਦੀਨਾਨਗਰ ਦੇ ਪਿੰਡ ਰਸੂਲਪੁਰ ਵਿਖੇ ਇੱਕ ਵਿਸ਼ੇਸ਼ ਕੈਂਪ ਲਗਾਇਆ ਗਿਆ, ਜਿਸ ਵਿੱਚ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਅਤੇ ਐੱਸ.ਡੀ.ਐੱਮ. ਜਸਪਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ ਅਤੇ ਸਬੰਧਿਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਹੱਲ ਦੀਆਂ ਹਦਾਇਤਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਕੈਂਪ ਦੌਰਾਨ ਵੱਖਵੱਖ ਵਿਭਾਗਾਂ ਵੱਲੋਂ ਆਪਣੇ ਸਟਾਲ ਲਗਾ ਕੇ, ਯੋਗ ਲਾਭਪਾਤਰੀਆਂ ਨੂੰ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਦਿੱਤਾ ਗਿਆ ਏ।  ਉਨ੍ਹਾਂ ਕਿਹਾ ਕਿ ਇਸ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਭਰ ਵਿੱਚ ਅਜਿਹੇ ਕੈਂਪ ਲਗਾਏ ਜਾ ਰਹੇ ਨੇ ਤਾਂ ਜੋ ਲੋਕਾਂ ਨੂੰ ਇਸ ਦਾ ਵੱਧ ਤੋਂ ਵੱਧ ਲਾਭ ਪਹੁੰਚ ਸਕੇ। ਉਨ੍ਹਾਂ ਕਿਹਾ ਕਿ ਗੁੱਡ ਗਵਰਨੈਂਸ ਵੀਕ ਤਹਿਤ 24 ਦਸੰਬਰ ਨੂੰ ਜ਼ਿਲ੍ਹਾ ਸਦਰ ਮੁਕਾਮ ਗੁਰਦਾਸਪੁਰ ਵਿਖੇ ਇੱਕ ਵਿਸ਼ੇਸ਼ ਪ੍ਰੋਗਰਾਮ ਕੀਤਾ ਜਾਵੇਗਾ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

-----------------------------------------------------

ਹਾਲ ਹੀ ਵਿੱਚ ਸਿੰਗਾਪੁਰ ਵਿਖੇ ਹੋਈ ਸ਼ਤਰੰਜ ਦੀ ਵਿਸ਼ਵ ਚੈਂਪੀਅਨਸ਼ਿਪ ਵਿੱਚ ਜੇਤੂ ਰਹੇ ਭਾਰਤ ਦੇ ਸ਼ਤਰੰਜ ਖਿਡਾਰੀ ਡੀ. ਗੁਕੇਸ਼ ਲਈ, ਸ਼ਤਰੰਜ ਦੇ ਮੋਹਰੇ ਬਣਾਉਣ ਵਾਲੇ ਅੰਮ੍ਰਿਤਸਰ ਦੇ ਕਾਰੀਗਰਾਂ ਨੂੰ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਅੱਜ ਵਿਸ਼ੇਸ਼ ਤੌਰ ਤੇ ਆਪਣੇ ਦਫਤਰ ਬੁਲਾ ਕੇ, ਪ੍ਰਸੰਸਾ ਪੱਤਰ ਦੇਕੇ  ਸਨਮਾਨਿਤ ਕੀਤਾ  ।ਓਹਨਾ ਨੇ ਸ਼ਤਰੰਜ ਦੇ ਮੋਹਰੇ ਬਣਾਉਣ ਸਬੰਧੀ ਅੰਮ੍ਰਿਤਸਰ ਦੀ ਇਸ ਕਲਾ ਬਾਰੇ ਵਿਸਥਾਰ ਵਿੱਚ ਜਾਣਕਾਰੀ ਵੀ  ਪ੍ਰਾਪਤ ਕੀਤੀ ।ਜ਼ਿਕਰਯੋਗ ਏ  ਕਿ ਅੰਮ੍ਰਿਤਸਰ ਵਿੱਚ ਕਰੀਬ 100 ਸਾਲਾਂ ਤੋਂ ਸ਼ਤਰੰਜ ਦੇ ਮੋਹਰੇ ਬਣਾਉਣ ਦਾ ਕੰਮ ਕੀਤਾ ਜਾ ਰਿਹਾ ਏ, ਪਹਿਲਾਂ ਇਸ ਲਈ ਹਾਥੀ ਦੰਦ ਦੀ ਵਰਤੋਂ ਵੀ ਕੀਤੀ ਜਾਂਦੀ ਸੀ, ਪਰ ਹੁਣ ਕੇਵਲ ਲੱਕੜ ਦੇ ਮੋਹਰੇ ਹੀ ਬਣਾਏ ਜਾਂਦੇ ਨੇ,  ਜੋ ਕਿ ਜਿਆਦਾਤਰ ਯੂਰਪੀਅਨ ਦੇਸ਼ਾਂ ਵਿੱਚ ਬਰਾਮਦ  ਹੁੰਦੇ ਨੇ। ਅਜਿਹੀ ਇੱਕ ਫਰਮ ਚੋਪੜਾ ਐਂਡ ਕੰਪਨੀ ਜੋ ਕਿ ਸ਼ਤਰੰਜ ਬਣਾਉਣ ਦਾ ਕੰਮ ਲੰਮੇ ਸਮੇਂ ਤੋਂ ਕਰ ਰਹੀ ਏ, ਨੇ ਕੁਝ ਅਰਸਾ ਪਹਿਲਾਂ ਸ਼ਤਰੰਜ ਚੈਂਪੀਅਨ ਗੁਕੇਸ਼ ਲਈ ਸ਼ਤਰੰਜ ਬਣਾ ਕੇ ਭੇਜੀ ਸੀ ।ਉਹਨਾਂ ਦੱਸਿਆ ਕਿ ਉਹਨਾਂ  ਦੇ ਕਾਰੀਗਰ

ਬਲਜੀਤ ਸਿੰਘ ਵੱਲੋਂ ਬਣਾਏ ਗਏ ਮੋਹਰੇ, ਇਸ ਵਾਰ ਗੁਕੇਸ਼ ਨੇ ਵਰਤੇ ਨੇ । ਸ੍ਰੀ ਚੋਪੜਾ ਨੇ ਦੱਸਿਆ ਕਿ ਵਿਸ਼ਵ ਭਰ ਵਿੱਚ ਸ਼ਤਰੰਜ ਦੇ ਜਿੰਨ੍ਹੇ ਵੀ ਟੂਰਨਾਮੈਂਟ ਆਯੋਜਿਤ ਹੁੰਦੇ ਨੇ, ਉਥੇ ਅੰਮ੍ਰਿਤਸਰ ਦੀ ਬਣਾਈ ਹੋਈ ਸ਼ਤ ਰੰਜ ਹੀ ਸਪਲਾਈ ਕੀਤੀ ਜਾਂਦੀ ਏ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸ਼ਤਰੰਜ ਦੇ ਕਾਰੀਗਰ ਬਲਜੀਤ ਸਿੰਘ ਅਤੇ ਚੋਪੜਾ ਸ਼ਤਰੰਜ ਦੇ ਮਾਲਕ ਨੂੰ ਸਨਮਾਨਿਤ ਕਰਦਿਆਂ ਕਿਹਾ ਕਿ ਅੰਮ੍ਰਿਤਸਰ ਵਿੱਚ ਪ੍ਰਚਲਿਤ ਇਸ ਕਲਾ ਦੀਆਂ ਬਰੀਕੀਆਂ ਸਮਝਦੇ ਹੋਏ ਭਰੋਸਾ ਦਿੱਤਾ ਕਿ ਅੰਮ੍ਰਿਤਸਰ ਦੀ ਇਸ ਕਲਾ ਨੂੰ, ਵਿਸ਼ਵ ਭਰ ਵਿੱਚ ਉਜਾਗਰ ਕੀਤਾ ਜਾਵੇਗਾ, ਤਾਂ ਜੋ ਇਸ ਉਦਯੋਗ ਨੂੰ ਸਨਅਤ ਵਜੋਂ ਵਿਕਸਿਤ ਕਰਕੇ, ਰੁਜ਼ਗਾਰ ਦੇ ਹੋਰ ਮੌ ਕੇ ਪੈਦਾ ਕੀਤੇ ਜਾ ਸਕਣ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਹ ਇਸ ਲਈ ਪੰਜਾਬ ਸਰਕਾਰ ਦਾ ਸਹਿਯੋਗ ਲੈਣਗੇ ।

---

ਭਾਰਤੀ ਜਨਤਾ ਪਾਰਟੀ ਦੀ ਸੀਨੀਅਰ ਆਗੂ ਤੇ ਸਾਬਕਾ ਸੰਸਦ ਮੈਂਬਰ ਪ੍ਰਨੀਤ ਕੌਰ ਨੇ, ਪਟਿਆਲਾ ਵਿਚ ਵਿਗੜ ਰਹੀ ਅਮਨ-ਕਾਨੂੰਨ ਦੀ ਹਾਲਤ ’ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਏ ।ਬੀਤੇ ਦਿਨੀ ਇਕ

ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਉਨਾਂ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ, ਵਿਰੋਧੀ ਉਮੀਦਵਾਰਾਂ ਨੂੰ ਖੁੱਲ੍ਹੇਆਮ ਧਮਕਾਉਣ ਲਈ, ਪੁਲਿਸ ਤੇ ਹੋਰ ਅਨਸਰਾਂ ਦੀ ਮਦਦ ਲੈ ਰਹੀ ਏ। ਸਾਬਕਾ ਕੇਂਦਰੀ ਮੰਤ ਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਆਗੂ BJP ਦੇ ਉਮੀਦਵਾਰਾਂ ਨੂੰ ਧਮਕੀਆਂ ਦੇ ਰਹੇ ਨੇ, ਇੱਥੋਂ ਤੱਕ ਕਿ BJP ਦੀਆਂ ਮਹਿਲਾ ਉਮੀਦਵਾਰਾਂ ਨੂੰ ਵੀ ਧਮਕੀਆਂ ਦਿੱਤੀਆਂ ਜਾ ਰਹੀਆਂ ਨੇ । ਪ੍ਰਨੀਤ ਕੌਰ ਨੇ ਇਹ ਵੀ ਦੱਸਿਆ ਕਿ ਪਟਿਆਲਾ ਲਈ, ਆਮ ਆਦਮੀ ਪਾਰਟੀ ਦੀਆਂ ਗਾਰੰਟੀਆਂ ਪਹਿਲਾਂ ਹੀ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਤਹਿਤ ਲਾਗੂ ਕੀਤੀਆਂ ਜਾ ਰਹੀਆਂ ਨੇ। ਆਮ ਆਦਮੀ ਪਾਰਟੀ ਵੱਲੋਂ ਵਾਅਦਾ ਕੀਤੀਆਂ ਗਈਆਂ ਈਬੱਸਾਂ, ਪ੍ਰਧਾਨ ਮੰਤਰੀ ਈਬੱਸ ਸਕੀਮ ਤਹਿਤ ਹੀ ਚਲਾਈਆਂ ਜਾਣਗੀ ਆਂ, ਅਤੇ ਸੀਵਰੇਜ ਦਾ ਕੰਮ ਕੇਂਦਰ ਦੀ ਅਮਰੁਤ ਯੋਜਨਾ ਤਹਿਤ ਪਹਿਲੇ ਹੀ ਕੀਤਾ ਜਾ ਰਿਹਾ ਏ।

---------------------------------------------------

ਹੁਸ਼ਿਆਰਪੁਰ ਦੇ ਰਿਆਤ ਬਾਹਰਾ ਐਜੂਕੇਸ਼ਨ ਸਿਟੀ ਵਿਖੇ, ਕਰਵਾਏ ਗ ਏ ਕਨਵੋਕੇਸ਼ਨ ਸਮਾਗਮ ਵਿਚ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾ

ਰੀਆ ਨੇ ਸਿੱਖਿਆ ਤੇ ਰੋਜ਼ਗਾਰ ਦੇ ਮਹੱਤਵ ’ਤੇ ਜ਼ੋਰ ਦਿੱਤਾ ਏ। ਉਨ੍ਹਾਂ ਕਿਹਾ ਕਿ ਸੱਚੀ ਸਿੱਖਿਆ ਉਹ ਏ ਜੋ ਸਮਾਜ ਤੇ ਇਨਸਾਨੀਅਤ ਦੀ ਸੇਵਾ ਸਿਖਾਉਂਦੀ ਹੋਵੇ। ਸਮਾਗਮ ਦੌਰਾਨ ਰਾਜਪਾਲ ਨੇ ਅੰਡਰ ਗਰੈਜੂਏਟ ਤੇ ਪੋਸਟ ਗਰੈਜੂਏਟ ਵਿਦਿਆਰਥੀਆਂ ਨੂੰ ਡਿਗਰੀਆਂ ਤਕਸੀਮ ਕੀਤੀਆਂ। ਰਾਜਪਾਲ ਨੇ ਕਿਹਾ ਕਿ ਜੋ ਕੁਝ ਵੀ ਸਾਡੇ ਸਮਾਜ ਤੋਂ ਪ੍ਰਾਪਤ ਹੁੰਦਾ ਏ, ਉਸ ਨੂੰ ਵਾਪਸ ਕਰਨਾ ਸਾਡਾ ਫ਼ਰਜ਼ ਏ। ਉਨ੍ਹਾਂ ਨੇ ਨਵੀਂ ਸਿੱਖਿਆ ਨੀਤੀ 2020 ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਹ ਨੀਤੀ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਤੇ ਹੁਨਰ ਵਿਕਾਸ ਨੂੰ ਤਰਜੀਹ ਦਿੰਦੀ ਏ। ਰਾਜ ਪਾਲ ਨੇ ਯੂਨੀਵਰਸਿਟੀਆਂ ਨੂੰ ਖੋਜ ਕਾਰਜਾਂ ਵਲ ਵੱਧ ਤਵਜੋ ਦੇਣ ਲਈ ਕਿਹਾ ਏ।ਕਨਵੋਕੇਸ਼ਨ ਵਿਚ ਕੁੱਲ 438 ਵਿਦਿਆਰਥੀਆਂ ਨੂੰ ਡਿਗਰੀਆਂ ਤਕਸੀਮ ਕੀਤੀਆਂ ਗਈਆਂ ।

---------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਏ ਕਿ ਪੰਜਾਬ ਦੀਆਂ ਧੀਆਂ ਹਰ ਖੇਤਰ ਵਿੱਚ ਸੂਬੇ ਤੇ ਦੇਸ਼ ਦਾ ਨਾਮ ਰੋਸ਼ਨ ਕੀਤਾ ਏ ਜੋ ਸਾਡੇ ਲਈ ਮਾਨ ਦੀ ਗੱਲ ਏ। ਅੱਜ ਫਰੀਦਕੋਟ ਦੇ ਨਹਿ

ਰੂ ਸਟੇਡੀਅਮ ਵਿਖੇ ਮਹਿਲਾ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਸ਼ਿਰਕਤ ਕਰਨ ਮੌਕੇ ਉਨ੍ਹਾਂ ਇਹ ਗੱਲ ਕਹੀ। ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਸਮਾਜ ਵਿੱਚੋਂ ਨਸ਼ਿਆਂ ਤੇ ਸਮਾਜਿਕ ਬੁਰਾਈਆਂ ਦੇ ਖਾਤਮੇ ਲਈ ਔਰਤਾਂ ਤੇ ਕੁੜੀਆਂ ਸਭ ਤੋਂ ਵੱਧ ਅਹਿਮ ਭੂਮਿਕਾ ਅਦਾ ਕਰ ਸਕਦੀਆਂ ਨੇ। ਉਹਨਾਂ ਕਿਹਾ ਕਿ ਬੱਚਿਆਂ ਨੂੰ ਬੁਰੀ ਸੰਗਤ ਤੋਂ ਦੂਰ ਰੱਖ ਕੇ, ਉਨ੍ਹਾਂ ਨੂੰ ਖੇਡਾਂ ਤੇ ਹੋਰ ਉਸਾਰੂ ਗਤੀਵਿਧੀਆਂ ਵੱਲ ਲਗਾਉਣਾ ਸਮੇਂ ਦੀ ਲੋੜ ਹੈ ਤੇ ਬੱਚਿਆਂ ਨੂੰ ਵੱਧ ਤੋਂ ਵੱਧ ਨੈਤਿਕ ਸਿੱਖਿਆ ਦਿੱਤੀ ਜਾਵੇ। ਉਨ੍ਹਾਂ ਕੁੜੀਆਂ ਨੂੰ ਕਿਹਾ ਉਹ ਲੋਕਾਂ ਨੂੰ ਵੱਧ ਤੋਂ ਵੱਧ ਟਰੈਫਿਕ ਨਿਯਮਾਂ ਸਬੰਧੀ ਜਾਗਰੂਕ ਕਰਨ ਤਾਂ ਜੋ ਸੜਕ ਹਾਦਸਿਆਂ ਨੂੰ ਰੋਕਿਆ ਜਾ ਸਕੇ। ਉਨ੍ਹਾਂ ਨੇ ਵੱਖ ਵੱਖ ਖੇਤਰਾਂ ਵਿੱਚ ਪ੍ਰਾਪਤੀਆਂ ਕਰਨ ਵਾਲੀਆਂ ਕੁੜੀਆਂ ਤੇ ਔਰਤਾਂ ਨੂੰ ਸਨਮਾਨਿਤ ਵੀ ਕੀਤਾ ।

-----------------------------------------------

ਸਲਾਨਾ ਸ਼ਹੀਦੀ ਜੋੜ ਮੇਲ ਦੇ ਮੱਦੇਨਜ਼ਰ , ਮੋਰਿੰਡਾ ਤੋਂ ਰੂਪਨਗਰ ਦੀ ਸ਼ੂਗਰ ਮਿੱਲ ਸੜਕ ਰੋਡ ਉਤੇ ਓਵਰਲੋਡ ਗੱਡੀਆਂ,ਟਿੱਪਰਾਂ ਅਤੇ ਭਾਰੀ

ਵਾਹਨਾਂ ਦੀ ਆਵਾਜਾਈ ਚੱਲਣ 'ਤੇ ਸਵੇਰੇ 8 ਵਜੇ ਤੋਂ ਰਾਤ 8 ਵਜੇ ਤੱਕ ਪੂਰਨ 'ਤੌਰ ਤੇ ਪਾਬੰਦੀ ਲਗਾਈ ਗਈ ਏ। ਇਹ ਪਾਬੰਦੀ 31 ਦਸੰਬਰ ਤੱਕ ਲਾਗੂ ਰਹੇਗੀ ।ਜ਼ਿਲਾ ਮੈਜਿਸਟਰੇਟ ਹਿਮਾਂਸ਼ੂ ਜੈਨ ਨੇ ਹੁਕਮ ਜਾਰੀ ਕਰਦਿਆਂ ਕਿਹਾ ਕਿ ਸਲਾਨਾ ਸ਼ਹੀਦੀ ਜੋੜ ਮੇਲ ਇਹਨਾ ਦਿਨਾ ਵਿੱਚ ਸੰਗਤਾ ਦੂਰ ਦੁਰਾਡੇ ਤੋਂ ਰੂਪਨਗਰ ਇਸ ਸੜਕ ਰਾਹੀਂ ਰਾਹੀ ਆਉਂਦੀਆਂ ਨੇ ਅਤੇ ਸੜਕ 'ਤੇ ਭਾਰੀ ਵਾਹਨਾਂ ਦੇ ਕਾਰਣ ਸੰਗਤਾਂ ਨੂੰ ਕਾਫੀ ਮੁਸਕਿਲ ਦਾ ਸਾਹਮਣਾ ਕਰਨਾ ਪੈਂਦਾ ਏ ।

---------------------------------------------------------

ਉੱਤਰ-ਪੱਛਮੀ ਭਾਰਤ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਅਗਲੇ ਪੰਜ ਤੋਂ ਛੇ ਦਿਨਾਂ ਤੱਕ ਠੰਢ ਜਾਰੀ ਰਹਿਣ ਦੀ ਸੰਭਾਵਨਾ ਏ। ਮੌਸਮ ਵਿਭਾਗ ਨੇ ਕਿਹਾ ਕਿ ਪੰਜਾਬ ,ਹਿਮਾਚਲ ਪ੍ਰਦੇਸ਼ ਅਤੇ ਪੂਰਬੀ ਰਾਜਸਥਾਨ ਵਿੱਚ ਅਗਲੇ ਦੋ-ਤਿੰਨ ਦਿਨਾਂ ਤੱਕ ਕੜਾਕੇ ਦੀ ਠੰਢ ਰਹੇਗੀ। ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰਪਾਲ ਨੇ ਦਸਿਆ।

**BYTE:**

ਜੰਮੂ-ਕਸ਼ਮੀਰ, ਲੱਦਾਖ, ਹਰਿਆਣਾ ਅਤੇ ਪੱਛਮੀ ਰਾਜਸਥਾਨ ਵਿੱਚ ਵੀ ਠੰਢ ਦੀ ਸੰਭਾਵਨਾ ਏ ।ਪੰਜਾਬ, ਹਰਿਆਣਾ ਅਤੇ ਉੱਤਰ ਪ੍ਰਦੇਸ਼ ਅਤੇ ਰਾਸ਼ਟਰੀ ਰਾਜਧਾਨੀ ਦਿੱਲੀ ਦੇ ਕੁਝ ਹਿੱਸਿਆਂ ਵਿੱਚ ਸਵੇਰੇ ਅਤੇ ਰਾਤ ਨੂੰ ਧੁੰਦ ਛਾਈ ਰਹੇਗੀ ।

-----------------------------------------------------

ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਔਰਤਾਂ ਦੀ ਟਵੇਂਟੀ-ਟਵੇਂਟੀ ਕ੍ਰਿਕਟ ਲੜੀ ਦਾ ਤੀਜਾ ਅਤੇ ਆਖਰੀ ਮੈਚ, ਅੱਜ ਨਵੀਂ ਮੁੰਬਈ ਦੀ ਡੀ.ਵਾਈ. ਪਾਟਿਲ ਸਪੋਰਟਸ ਅਕੈਡਮੀ 'ਚ ਖੇਡਿਆ ਜਾਵੇਗਾ ।
ਮੈਚ ਸ਼ਾਮੀ 7 ਵਜੇ ਸ਼ੁਰੂ ਹੋਵੇਗਾ । ਦੋਵੇਂ ਟੀਮਾਂ ਸੀਰੀਜ਼ 'ਚ 1-1 ਨਾਲ ਬਰਾਬਰੀ 'ਤੇ ਨੇ ।

-----------------------------------------------------

## ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਡਾਕਟਰ ਭੀਮ ਰਾਓ ਅੰਬੇਡਕਰ ਬਾਰੇ, ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਟਿੱਪਣੀ ਨੂੰ ਲੈ ਕੇ, ਵਿਰੋਧੀ ਪਾਰਟੀਆਂ ਦੇ ਹੰਗਾਮੇ ਕਾਰਨ, ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਹੋਈ ।

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਆਧੁਨਿਕ ਜੰਗ ਦੇ ਬਦਲਦੇ ਤਰੀਕਿਆਂ ਨਾਲ ਤਾਲਮੇਲ ਰੱਖਣ ਲਈ, ਉੱਚ ਪੱਧਰੀ ਤਕਨੀਕਾਂ ਨੂੰ ਅਪਣਾਉਣ 'ਤੇ ਜ਼ੋਰ ਦਿੱਤਾ।
- ਦੇਸ਼ ਵਿਆਪੀ ਮੁਹਿੰਮ 'ਪ੍ਰਸ਼ਾਸਨ ਗਾਓਂ ਕੀ ਔਰ' ਤਹਿਤ, ਪੰਜਾਬ ਸਰਕਾਰ ਵੱਲੋਂ, ਸੂਬੇ ਵਿੱਚ ਅੱਜ ਤੋਂ 24 ਦਸੰਬਰ ਤੱਕ 'ਸੁਸਾਸ਼ਨ ਹਫਤੇ ' ਦੀ ਸ਼ੁਰੂਆਤ।
- ਸ਼ਤਰੰਜ ਖਿਡਾਰੀ ਡੀ. ਗੁਕੇਸ਼ ਲਈ, ਸ਼ਤਰੰਜ ਦੇ ਮੋਹਰੇ ਬਣਾਉਣ ਵਾਲੇ, ਅੰਮ੍ਰਿਤਸਰ ਦੇ ਕਾਰੀਗਰਾਂ ਨੂੰ ਜ਼ਿਲਾ ਪ੍ਰਸ਼ਾਸ਼ਨ ਨੇ ਕੀਤਾ ਸਨਮਾਨਿਤ ।